ਲੇਬਰ ਯੂਨੀਅਨ ਦੇ ਪ੍ਰਧਾਨ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ। ਤਸਵੀਰ-ਪ੍ਰਤਾਪ ਸਿੰਘ ਹੀਰਾ

ਲੇਬਰ ਮਜ਼ਦੂਰਾਂ ਨਾਲ ਧੱਕਾ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ

ਮਾਮਲਾ ਠੇਕੇਦਾਰਾਂ ਵਲੋਂ ਲੇਬਰ ਦਾ ਈ.ਪੀ.ਐੱਫ. ਹੜੱਪਣ ਦਾ

ਜ਼ੀਰਾ, 27 ਨਵੰਬਰ (ਪ੍ਰਤਾਪ ਸਿੰਘ ਹੀਰਾ)-ਜ਼ੀਰਾ ਫੂਡ ਗਰੇਨ ਐਂਡ ਅਲਾਈਡ ਯੂਨੀਅਨ ਜ਼ੀਰਾ ਅਤੇ ਪੰਜਾਬ ਪ੍ਰਦੇਸ਼ ਪੱਲੇਦਾਰ ਯੂਨੀਅਨ ਜ਼ੀਰਾ ਦੇ ਆਗੂਆਂ ਦੀ ਇਕ ਸਾਂਝੀ ਮੀਟਿੰਗ ਦਾਣਾ ਮੰਡੀ ਜ਼ੀਰਾ ਵਿਖੇ ਹੋਈ। ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ ਪਿਛਲੇ ਛੇ ਸਾਲਾਂ ਤੋਂ ਵੱਖ-ਵੱਖ ਠੇਕੇਦਾਰਾ ਵਲੋਂ ਲੇਬਰ ਢੋਆ-ਢੁਆਈ ਦੇ ਟੈਂਡਰ ਲੈ ਕੇ ਜ਼ੀਰਾ ਦੇ ਲੇਬਰ-ਮਜ਼ਦੂਰਾਂ ਤੋਂ ਕੰਮ ਕਰਵਾ ਰਹੇ ਹਨ ਅਤੇ ਈ.ਪੀ.ਐੱਫ. ਜਮਾਂ ਕਰਾਉਣ ਦੇ ਲਾਰੇ ਲਗਾ ਕੇ ਉਹਨਾਂ ਵਲੋਂ ਈ.ਪੀ.ਐੱਫ. ਆਪਣੇ ਨਿੱਜੀ ਬੰਦਿਆਂ ਦੇ ਨਾਮ 'ਤੇ ਜਮਾ ਕਰਾ ਕੇ ਕਢਵਾਇਆ ਜਾ ਰਿਹਾ ਹੈ। ਜੋ ਲੇਬਰ ਨਾਲ ਸਿੱਧਾ ਧੱਕਾ ਹੈ। ਉਹਨਾਂ ਨੇ ਕਿਹਾ ਕਿ ਲੇਬਰ ਘੱਟ ਰੇਟ 'ਤੇ ਕੰਮ ਕਰਕੇ ਵੀ ਆਪਣਾ ਗੁਜ਼ਾਰਾ ਕਰ ਰਹੀ ਹੈ ਤਾਂ ਜੋ ਉਹਨਾਂ ਦੇ ਖਾਤਿਆਂ ਵਿਚ ਈ.ਪੀ.ਐੱਫ. ਜਮਾਂ ਹੋ ਸਕੇ, ਪਰ ਠੇਕੇਦਾਰਾ ਵਲੋਂ ਉਨ੍ਹਾਂ ਨਾਲ ਨਾਜਾਇਜ਼ ਧੱਕਾ ਕੀਤਾ ਜਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਲੇਬਰ ਮਜ਼ਦੂਰਾਂ ਵਲੋਂ ਢੋਆ-ਢੁਆਈ ਦਾ ਕੰਮ ਬੰਦ ਕੀਤਾ ਗਿਆ ਹੈ। ਜਦੋਂ ਤੱਕ ਉਹਨਾਂ ਦਾ ਈ.ਪੀ.ਐੱਫ.ਦਾ ਮਾਮਲਾ ਹੱਲ ਨਹੀਂ ਕੀਤਾ ਜਾਂਦਾ, ਕੋਈ ਵੀ ਮਜ਼ਦੂਰ ਢੋਆ-ਢੁਆਈ ਦਾ ਕੰਮ ਨਹੀਂ ਕਰੇਗਾ। ਉਹਨਾਂ ਨੇ ਆਸ-ਪਾਸ ਦੇ ਲੇਬਰ-ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਕੋਈ ਵੀ ਲੇਬਰ ਦਾ ਆਦਮੀ ਉਹਨਾਂ ਦੇ ਮਾਮਲੇ ਵਿਚ ਦਖ਼ਲ ਨਾ ਦੇਵੇ। ਉਹ ਆਪਣਾ ਹੱਕ ਲਏ ਬਿਨਾਂ ਲੇਬਰ ਦਾ ਕੰਮ ਨਹੀਂ ਚੱਲਣ ਦੇਣਗੇ ਅਤੇ ਇਸ ਲਈ ਉਹਨਾਂ ਨੂੰ ਚਾਹੇ ਕਿਸੇ ਵੀ ਹੱਦ ਤੱਕ ਸੰਘਰਸ਼ ਕਰਨਾ ਪਵੇ। ਉਹਨਾਂ ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਅਤੇ ਐੱਸ.ਐੱਸ.ਪੀ ਫ਼ਿਰੋਜ਼ਪੁਰ ਨੂੰ ਇਸ ਸਬੰਧੀ ਬਿਆਨ ਹਲਫ਼ੀਆ ਦੇ ਕੇ ਲਿਖਤੀ ਭੇਜਿਆ ਹੈ। ਉਹਨਾਂ ਨੇ ਮੰਗ ਕੀਤੀ ਹੈ ਕਿ ਉਹਨਾਂ ਠੇਕੇਦਾਰਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਲੇਬਰ ਨੂੰ ਉਹਨਾਂ ਦਾ ਹੱਕ ਦਿਵਾਇਆ ਜਾਵੇ। ਇਸ ਮੌਕੇ ਯੂਨੀਅਨਾਂ ਦੇ ਪ੍ਰਧਾਨ ਗੁਰਸੇਵਕ ਸਿੰਘ, ਪ੍ਰਧਾਨ ਸ਼ਿੰਦਰ ਸਿੰਘ, ਪ੍ਰਧਾਨ ਚੰਦ ਸਿੰਘ, ਪ੍ਰਧਾਨ ਬਲਵੀਰ ਸਿੰਘ ਐੱਮ.ਸੀ, ਪ੍ਰਧਾਨ ਸਾਈਮਨ ਮਸੀਹ, ਪ੍ਰਧਾਨ ਗੁਰਮੇਲ ਸਿੰਘ, ਪ੍ਰਧਾਨ ਹਰਦੇਵ ਸਿੰਘ, ਪ੍ਰਧਾਨ ਬਲਕਾਰ ਸਿੰਘ, ਪ੍ਰਧਾਨ ਨਿਰਮਲ ਸਿੰਘ, ਪ੍ਰਧਾਨ ਰਸਾਲ ਸਿੰਘ, ਪ੍ਰਧਾਨ ਹਰਨੇਕ ਸਿੰਘ, ਪ੍ਰਧਾਨ ਲੱਖਾ ਸਿੰਘ, ਪ੍ਰਧਾਨ ਬਲਕਾਰ ਸਿੰਘ ਜੱਗਾ, ਪ੍ਰਧਾਨ ਪ੍ਰਕਾਸ਼ ਸਿੰਘ, ਪ੍ਰਧਾਨ ਹਰਜਿੰਦਰ ਸਿੰਘ, ਪ੍ਰਧਾਨ ਸੁਖਦੇਵ ਸਿੰਘ, ਪ੍ਰਧਾਨ ਸੁਰਜੀਤ ਸਿੰਘ, ਪ੍ਰਧਾਨ ਸੁਖਦੇਵ ਸਿੰਘ ਖ਼ਾਲਸਾ, ਪ੍ਰਧਾਨ ਕੁਲਵਿੰਦਰ ਸਿੰਘ, ਪ੍ਰਧਾਨ ਗੁਰਮੇਜ ਸਿੰਘ, ਪ੍ਰਧਾਨ ਹਰਦੇਵ ਸਿੰਘ, ਪ੍ਰਧਾਨ ਮਲਕੀਤ ਸਿੰਘ ਆਦਿ ਉਚੇਚੇ ਤੌਰ 'ਤੇ ਹਾਜ਼ਰ ਸਨ।

ਆਰ. ਐਮ. ਪੀ. ਡਾਕਟਰ ਨੂੰ ਸਾਨ੍ਹ ਨੇ ਮਾਰੀ ਟੱਕਰ

ਅਬੋਹਰ, 27 ਨਵੰਬਰ (ਵਿਵੇਕ ਹੂੜੀਆ)-ਅਬੋਹਰ ਸ਼ਹਿਰ ਦੇ ਨਾਲ-ਨਾਲ ਉਪ-ਮੰਡਲ ਪਿੰਡਾਂ ਵਿਚ ਆਵਾਰਾ ਪਸ਼ੂਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ, ਜੋ ਕਿ ਆਏ ਦਿਨ ਘਟਨਾਵਾਂ ਦਾ ਕਾਰਨ ਬਣ ਰਹੀ ਹੈ। ਜਿਸ ਕਾਰਨ ਪਿੰਡ ਵਾਸੀਆਂ ਲਈ ਆਪਣੇ ਘਰੋਂ ਨਿਕਲਣਾ ਵੀ ਮੁਸ਼ਕਲ ਹੋ ਜਾਂਦਾ ਹੈ, ਫਿਰ ਵੀ ਪ੍ਰਸ਼ਾਸਨ ਇਸ ਸਮੱਸਿਆ ਤੋਂ ਅਣਜਾਣ ਹੈ। ਅੱਜ ਇਸੇ ਤਰ੍ਹਾਂ ਦੀ ਇਕ ਘਟਨਾ ਵਿਚ, ਇਕ ਸਾਨ੍ਹ ਨੇ ਅਬੋਹਰ ਦੇ ਪਿੰਡ ਵਰਿਆਮ ਖੇੜਾ ਦੇ ਇਕ ਆਰ.ਐਮ.ਪੀ ਡਾਕਟਰ 'ਤੇ ਹਮਲਾ ਕਰਕੇ ਗੰਭੀਰ ਰੂਪ ਵਿਚ ਜ਼ਖਮੀ ਕਰ ਦਿੱਤਾ। ਉਸ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ। ਇਲਾਜ ਅਧੀਨ ਸਵਰਨ ਕੁਮਾਰ ਨੇ ਦੱਸਿਆ ਕਿ ਉਹ ਪਿੰਡ ਵਿਚ ਹੀ ਆਰ.ਐਮ.ਪੀ ਡਾਕਟਰ ਵਜੋਂ ਕੰਮ ਕਰਦਾ ਹੈ। ਅੱਜ ਸਵੇਰੇ ਉਹ ਪਿੰਡ ਦੇ ਇਕ ਜ਼ਿਮੀਂਦਾਰ ਦੇ ਘਰੋਂ ਆਪਣੇ ਮੋਟਰਸਾਈਕਲ 'ਤੇ ਬਾਜਰੇ ਦਾ ਗੱਟਾ ਲੈ ਕੇ ਘਰ ਵਾਪਸ ਆ ਰਿਹਾ ਸੀ। ਜਦੋਂ ਉਹ ਆਪਣੇ ਘਰ ਦੇ ਨੇੜੇ ਪਹੁੰਚਿਆ ਅਤੇ ਜਿਵੇਂ ਹੀ ਉਸ ਨੇ ਆਪਣੇ ਮੋਟਰਸਾਈਕਲ ਖੜ੍ਹਾ ਕੀਤੀ ਤਾਂ ਪਿੱਛੇ ਤੋਂ ਆ ਰਹੇ ਇਕ ਸਾਨ੍ਹ ਨੇ ਉਸ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਸ ਦਾ ਹੱਥ ਟੁੱਟ ਗਿਆ। ਜਦੋਂ ਉਸ ਨੇ ਰੌਲਾ ਪਾਇਆ ਤਾਂ ਉਸ ਦੇ ਪਰਿਵਾਰਕ ਮੈਂਬਰ ਬਾਹਰ ਆ ਗਏ ਅਤੇ ਸਾਨ੍ਹ ਨੂੰ ਡੰਡਿਆਂ ਨਾਲ ਭਜਾ ਦਿੱਤਾ। ਜ਼ਿਕਰਯੋਗ ਹੈ ਕਿ ਸ਼ਹਿਰ ਵਿਚ ਆਵਾਰਾ ਪਸ਼ੂਆਂ ਨੂੰ ਫੜਨ ਦੀ ਮੁਹਿੰਮ ਲੰਬੇ ਸਮੇਂ ਤੋਂ ਬੰਦ ਹੈ, ਜਿਸ ਕਾਰਨ ਸ਼ਹਿਰ ਅਤੇ ਆਸ ਪਾਸ ਦੇ ਇਲਾਕਿਆਂ ਵਿਚ ਆਵਾਰਾ ਪਸ਼ੂਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ। ਇਸ ਦੌਰਾਨ ਬਜਰੰਗ ਦਲ ਹਿੰਦੁਸਤਾਨ ਦੇ ਜਨਰਲ ਸਕੱਤਰ ਕੁਲਦੀਪ ਸੋਨੀ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਆਵਾਰਾ ਪਸ਼ੂਆਂ ਦੀ ਸਮੱਸਿਆ ਵੱਲ ਧਿਆਨ ਨਹੀਂ ਦੇ ਰਿਹਾ ਹੈ। ਕੁੱਝ ਸਮਾਂ ਪਹਿਲਾਂ ਉਨ੍ਹਾਂ ਦੀ ਯੂਨੀਅਨ ਨੇ ਇਸ ਸਮੱਸਿਆ ਦੇ ਹੱਲ ਲਈ ਡੀ ਸੀ ਦਫ਼ਤਰ ਦੇ ਸਾਹਮਣੇ ਧਰਨਾ ਦਿੱਤਾ ਸੀ ਅਤੇ ਜੇਕਰ ਹੁਣ ਵੀ ਕੋਈ ਸਥਾਈ ਹੱਲ ਨਾ ਲੱਭਿਆ ਗਿਆ ਤਾਂ ਉਹ ਦੁਬਾਰਾ ਧਰਨਾ ਦੇਣ ਲਈ ਮਜਬੂਰ ਹੋਣਗੇ ਕਿਉਂਕਿ ਸਰਦੀਆਂ ਅਤੇ ਧੁੰਦ ਦਾ ਮੌਸਮ ਆਉਣ ਵਾਲਾ ਹੈ, ਅਜਿਹੀ ਸਥਿਤੀ ਵਿਚ ਸੜਕਾਂ 'ਤੇ ਘੁੰਮਦੇ ਆਵਾਰਾ ਪਸ਼ੂ ਹੋਰ ਵੀ ਘਟਨਾਵਾਂ ਦਾ ਕਾਰਨ ਬਣ ਸਕਦੇ ਹਨ। ਲੱਗਦਾ ਹੈ ਕਿ ਪ੍ਰਸ਼ਾਸਨ ਕਿਸੇ ਵੱਡੀ ਘਟਨਾ ਦੀ ਉਡੀਕ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਜਨਤਾ ਤੋਂ ਇਕੱਠਾ ਕੀਤਾ ਗਿਆ ਗਊ ਸੈੱਸ ਆਵਾਰਾ ਪਸ਼ੂਆਂ ਦੀ ਦੇਖਭਾਲ 'ਤੇ ਖ਼ਰਚ ਕੀਤਾ ਜਾਣਾ ਚਾਹੀਦਾ ਹੈ।

ਹਸਪਤਾਲ ਵਿਚ ਜੇਰੇ ਇਲਾਜ ਆਰ.ਐਮ.ਪੀ.ਡਾਕਟਰ ਸਵਰਨ ਕੁਮਾਰ।

ਬੱਲੂਆਣਾ ਹਲਕੇ ਦੇ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫ਼ਰ ਹਲਕੇ ਦੇ ਪਿੰਡ ਸੈਦਾਵਾਲੀ ਵਿਖੇ ਸਮੱਸਿਆਵਾਂ ਸੁਣਨ ਉਪਰੰਤ ਸੰਬੋਧਨ ਕਰਦੇ ਹੋਏ। ਤਸਵੀਰ-ਸੁਖਜੀਤ ਸਿੰਘ ਬਰਾੜ

ਵਿਧਾਇਕ ਗੋਲਡੀ ਮੁਸਾਫ਼ਰ ਨੇ ਪਿੰਡ ਸੈਦਾਵਾਲੀ 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

ਕਿਹਾ ਬੱਲੂਆਣਾ ਹਲਕੇ ਵਿਚ ਆਪ ਸਰਕਾਰ ਜਿੰਨਾਂ ਵਿਕਾਸ ਕਿਸੇ ਸਰਕਾਰ ਨੇ ਨਹੀਂ ਕੀਤਾ

ਅਬੋਹਰ, 26 ਨਵੰਬਰ(ਸੁਖਜੀਤ ਸਿੰਘ ਬਰਾੜ)-ਬੱਲੂਆਣਾ ਹਲਕੇ ਦੇ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫ਼ਰ ਵਲੋਂ ਹਲਕੇ ਦੇ ਪਿੰਡ ਸੈਦਾਵਾਲੀ ਵਿਖੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਇਸ ਦੌਰਾਨ ਕਈ ਸਮੱਸਿਆਵਾਂ ਦਾ ਤਾਂ ਉਨ੍ਹਾਂ ਨੇ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਗੋਲਡੀ ਮੁਸਾਫ਼ਰ ਨੇ ਕਿਹਾ ਕਿ ਬੱਲੂਆਣਾ ਹਲਕੇ ਵਿਚ ਜਿੰਨਾਂ ਵਿਕਾਸ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤਾ ਹੈ, ਇਸ ਤੋਂ ਪਹਿਲਾਂ ਇਨ੍ਹਾਂ ਵਿਕਾਸ ਕਿਸੇ ਵੀ ਸਰਕਾਰ ਨੇ ਨਹੀਂ ਕੀਤਾ। ਇਸ ਸਮੇਂ ਵੀ ਹਲਕੇ ਦੇ ਤਮਾਮ ਪਿੰਡਾਂ ਵਿਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡਾ ਮਿਸ਼ਨ ਹੈ ਬੱਲੂਆਣਾ ਹਲਕੇ ਨੂੰ ਵਿਕਾਸ ਪੱਖੋਂ ਮਾਡਲ ਹਲਕਾ ਬਣਾਉਣਾ ਹੈ ਇਸ ਲਈ ਯਤਨ ਜਾਰੀ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਆਉਂਦੇ ਦਿਨਾਂ ਵਿਚ ਹੋਣ ਜਾ ਰਹੀਆਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਵਿਚ ਉਹ ਵੀ ਆਪ ਪਾਰਟੀ ਦਾ ਡਟ ਕੇ ਸਾਥ ਦੇਣ। ਇਸ ਮੌਕੇ ਨੌਜਵਾਨ ਆਗੂ ਰਮਨ ਚੌਧਰੀ ਅਤੇ ਪਿੰਡ ਵਾਸੀ ਹਾਜ਼ਰ ਸਨ।

ਭਾਗ ਸਿੰਘ ਖ਼ਾਲਸਾ ਕਾਲਜ 'ਚ ਮਨਾਇਆ ਸੰਵਿਧਾਨ ਦਿਹਾੜਾ

ਅਬੋਹਰ, 27 ਨਵੰਬਰ (ਤੇਜਿੰਦਰ ਸਿੰਘ ਖ਼ਾਲਸਾ)-ਸਥਾਨਕ ਸੀਤੋ ਰੋਡ ਸਥਿਤ ਭਾਗ ਸਿੰਘ ਹੇਅਰ ਖ਼ਾਲਸਾ ਕਾਲਜ ਫ਼ਾਰ ਵੁਮੈਨ ਕਾਲਾ ਟਿੱਬਾ ਵਿਖੇ ਸੰਵਿਧਾਨ ਦਿਵਸ ਬਹੁਤ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ ਗਿਆ। ਇਹ ਸਮਾਗਮ ਕਾਲਜ ਦੇ ਕਾਨੂੰਨੀ ਸਾਖਰਤਾ ਸੈੱਲ ਵਲੋਂ ਭਾਰਤੀ ਸੰਵਿਧਾਨ ਦੀ ਮਹੱਤਤਾ ਅਤੇ ਇਸ ਦੀਆਂ ਮੂਲ ਕਦਰਾਂ-ਕੀਮਤਾਂ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਕਰਵਾਇਆ ਗਿਆ ਸੀ। ਜਿਸ ਦੀ ਪ੍ਰਧਾਨਗੀ ਕਾਲਜ ਦੇ ਚੇਅਰਮੈਨ ਗੁਰਲਾਲ ਸਿੰਘ ਬਰਾੜ ਫ਼ੱਤਣਵਾਲਾ ਨੇ ਕੀਤੀ। ਇਸ ਮੌਕੇ ਪ੍ਰਿੰਸੀਪਲ ਡਾ.ਹਰਪ੍ਰੀਤ ਕੌਰ ਔਲਖ ਅਤੇ ਕਾਨੂੰਨੀ ਸਾਖਰਤਾ ਸੈੱਲ ਦੀ ਟੀਮ ਵੀ ਮੌਜੂਦ ਸੀ। ਜਿਸ ਵਿਚ ਕੋਆਰਡੀਨੇਟਰ ਡਾ.ਸੰਜੂ ਬਜਾਜ, ਸਹਿ-ਕੋਆਡੀਨੇਟਰ ਅਮਰਿੰਦਰ ਸਿੰਘ ਸੰਧੂ ਅਤੇ ਮੈਂਬਰ ਸ੍ਰੀਮਤੀ ਜੋਤੀ ਤਨੇਜਾ ਸ਼ਾਮਲ ਸਨ। ਇਸ ਸਮਾਗਮ ਵਿਚ ਮੁੱਖ ਬੁਲਾਰੇ ਦੇ ਤੌਰ 'ਤੇ ਐਡਵੋਕੇਟ ਨਿਧੀ ਬੇਰੀ ਨੇ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿਚ ਸੰਵਿਧਾਨ ਦਿਵਸ ਦੀ ਇਤਿਹਾਸਕ ਮਹੱਤਤਾ, ਸੰਵਿਧਾਨ ਵਿਚ ਦਰਜ਼ ਮੌਲਿਕ ਅਧਿਕਾਰਾਂ, ਕਰਤੱਵਾਂ, ਸੰਵਿਧਾਨ ਦੀ ਕਦਰਾਂ-ਕੀਮਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਲੋਕਤੰਤਰ ਦੇ ਸਿਧਾਂਤਾਂ ਨੂੰ ਕਾਇਮ ਰੱਖਣ ਵਿਚ ਨੌਜਵਾਨਾਂ ਦੀ ਵੱਡੀ ਭੂਮਿਕਾ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਾਰਤੀ ਸੰਵਿਧਾਨ ਦੀ ਭਾਵਨਾ ਨੂੰ ਸਮਝਣ ਲਈ ਵੀ ਪ੍ਰੇਰਿਤ ਕੀਤਾ। ਇਸ ਦੌਰਾਨ ਪ੍ਰੋਗਰਾਮ ਵਿਚ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ। ਇਸ ਤੋਂ ਇਲਾਵਾ ਪ੍ਰੋਗਰਾਮ ਵਿਚ ਸੰਵਿਧਾਨ 'ਤੇ ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਭਾਸ਼ਣ ਵੀ ਦਿੱਤੇ ਜੋ ਕਿ ਵਿਦਿਆਰਥੀਆਂ ਦੀ ਨਾਗਰਿਕਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਬ੍ਰਿਜਸਟੋਨ ਇੰਡੀਆ ਨੇ ਪੰਜਾਬ 'ਚ ਨਵੇਂ ਸਿਲੈਕਟ ਸਟੋਰ ਨਾਲ ਕੀਤਾ ਰਿਟੇਲ ਫੁੱਟਪ੍ਰਿੰਟ ਦਾ ਵਿਸਥਾਰ

ਫਿਰੋਜ਼ਪੁਰ, 27 ਨਵੰਬਰ(ਅ.ਬ)- ਬ੍ਰਿਜਸਟੋਨ ਇੰਡੀਆ ਨੇ ਆਪਣੇ ਨਵੇਂ ਬ੍ਰਿਜਸਟੋਨ ਸਿਲੈਕਟ ਸਟੋਰ 'ਅਰੋੜਾ ਵੀਲ ਐਂਡ ਕਾਰ ਐਕਸੈਸਰੀਜ਼', ਫਿਰੋਜ਼ਪੁਰ, ਪੰਜਾਬ 'ਚ ਉਦਘਾਟਨ ਦੀ ਘੋਸ਼ਣਾ ਕੀਤੀ ਹੈ। ਸਟੋਰ ਦਾ ਉਦਘਾਟਨ ਬ੍ਰਿਜਸਟੋਨ ਇੰਡੀਆ ਦੇ ਐਗਜ਼ਿਕਿਊਟਿਵ ਡਾਇਰੈਕਟਰ - ਇੰਟੀਗ੍ਰੇਟਿਡ ਕਨਜ਼ਿਊਮਰ ਬਿਜ਼ਨਸ, ਸ਼੍ਰੀ ਰਾਜੀਵ ਸ਼ਰਮਾ ਨੇ ਕੀਤਾ। ਬ੍ਰਿਜਸਟੋਨ ਸਿਲੈਕਟ ਸਟੋਰ ਕੰਪਨੀ ਦੇ ਪ੍ਰੀਮੀਅਮ ਰਿਟੇਲ ਫਾਰਮੈਟ ਦਾ ਪ੍ਰਤੀਨਿਧਿਤਵ ਕਰਦੇ ਹਨ, ਜੋ ਟਾਇਰ ਵਿਕਰੀ ਤੋਂ ਅੱਗੇ ਵੱਧ ਕੇ ਇੱਕ ਸਭ-ਪੱਖੀ ਓਨਰਸ਼ਿਪ ਅਨੁਭਵ ਪ੍ਰਦਾਨ ਕਰਦੇ ਹਨ। ਤਜਰਬੇਕਾਰਾਂ ਦੀ ਰਹਿਨੁਮਾਈ, ਅਧੁਨਿਕ ਡਾਇਗਨੋਸਟਿਕਸ ਤੇ ਮੌਡਰਨ ਇੰਫਰਾਸਟਰਕਚਰ ਨਾਲ, ਇਹ ਆਉਟਲੈਟ ਸਭ ਤੋਂ ਉੱਚ ਪੱਧਰ ਦੀ ਸੁਰੱਖਿਆ, ਪ੍ਰਦਰਸ਼ਨ ਤੇ ਡਰਾਈਵਿੰਗ ਭਰੋਸੇ ਨੂੰ ਯਕੀਨੀ ਬਣਾਉਂਦੇ ਹਨ। ਫਿਰੋਜ਼ਪੁਰ ਕੈਂਟ, ਮੋਗਾ ਰੋਡ, ਬੀਐਸਐਫ ਹੈੱਡਕੁਆਰਟਰ, ਸਤਿਆਵਾਲਾ ਦੇ ਸਾਹਮਣੇ ਸਥਿਤ ਇਹ ਨਵਾਂ ਸਿਲੈਕਟ ਸਟੋਰ ਪੰਜਾਬ 'ਚ ਬ੍ਰਿਜਸਟੋਨ ਦੀ ਰਿਟੇਲ ਮੌਜੂਦਗੀ ਨੂੰ ਹੋਰ ਮਜ਼ਬੂਤ ਕਰਦਾ ਹੈ ਤੇ ਪੰਜਾਬ 'ਚ ਆਪਣੇ ਗਾਹਕਾਂ ਨੂੰ ਇੱਕ ਅਧੁਨਿਕ, ਗਾਹਕ-ਕੇਂਦਰਿਤ ਟਾਇਰ ਰਿਟੇਲ ਅਨੁਭਵ ਪ੍ਰਦਾਨ ਕਰਨ ਦੀ ਕੰਪਨੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਬ੍ਰਿਜਸਟੋਨ ਇੰਡੀਆ ਦੇ ਐਗਜ਼ਿਕਿਊਟਿਵ ਡਾਇਰੈਕਟਰ-ਇੰਟੀਗ੍ਰੇਟਿਡ ਕਨਜ਼ਿਊਮਰ ਬਿਜ਼ਨਸ, ਰਾਜੀਵ ਸ਼ਰਮਾ ਨੇ ਕਿਹਾ ਕਿ ਪੰਜਾਬ ਬ੍ਰਿਜਸਟੋਨ ਲਈ ਇੱਕ ਮਹੱਤਵਪੂਰਨ ਬਾਜ਼ਾਰ ਹੈ ਤੇ ਫਿਰੋਜ਼ਪੁਰ ਵਿੱਚ ਸਾਡੇ ਨਵੇਂ ਸਿਲੈਕਟ ਸਟੋਰ ਦਾ ਉਦਘਾਟਨ ਸਾਡੇ ਆਧੁਨਿਕ, ਉੱਚ-ਗੁਣਵੱਤਾ ਵਾਲੇ ਰਿਟੇਲ ਟਚਪੌਇੰਟਸ ਰਾਹੀਂ ਗਾਹਕਾਂ ਦੇ ਹੋਰ ਨੇੜੇ ਜਾਣ 'ਤੇ ਸਾਡੇ ਧਿਆਨ ਨੂੰ ਦਰਸਾਉਂਦਾ ਹੈ।

ਬ੍ਰਿਜਸਟੋਨ ਇੰਡੀਆ ਦੇ ਉਦਘਾਟਨ ਸਮੇਂ ਪ੍ਰਬੰਧਕ ਤੇ ਹੋਰ। ਅਜੀਤ ਤਸਵੀਰ

ਹੈਰੋਇਨ ਸਮੇਤ ਪੁਲਿਸ ਨੇ ਤਿੰਨ ਨੂੰ ਕੀਤਾ ਕਾਬੂ

ਗੁਰੂਹਰਸਹਾਏ, 27 ਨਵੰਬਰ (ਕਪਿਲ ਕੰਧਾਰੀ)-ਗੁਰੂਹਰਸਹਾਏ ਪੁਲਿਸ ਵਲੋਂ 100 ਗਰਾਮ ਹੈਰੋਇਨ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ। ਇਸ ਸੰਬੰਧੀ ਪ੍ਰੈੱਸ ਕਾਨਫ਼ਰੰਸ ਕਰਕੇ ਜਾਣਕਾਰੀ ਦਿੰਦੇ ਹੋਏ ਸਬ ਡਵੀਜ਼ਨ ਗੁਰੂਹਰਸਹਾਏ ਦੇ ਡੀ.ਐੱਸ.ਪੀ ਰਾਜਬੀਰ ਸਿੰਘ ਨੇ ਦੱਸਿਆ ਕਿ ਜਦ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਦਾਣਾ ਮੰਡੀ ਗੁਰੂਹਰਸਹਾਏ ਦੇ ਗੇਟ ਨੰਬਰ ਇਕ ਕੋਲ ਪੁੱਜੇ ਤਾਂ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕੇ ਡਿੰਪਲ ਕੁਮਾਰ ਪੁੱਤਰ ਪ੍ਰੇਮ ਕੁਮਾਰ, ਲਵਪ੍ਰੀਤ ਪੁੱਤਰ ਪਿਆਰਾ ਸਿੰਘ ਵਾਸੀਆਨ ਬੀੜ ਹਰਬੰਸ ਪੁਰਾ ਅਤੇ ਅਜੇ ਕੁਮਾਰ ਪੁੱਤਰ ਜਗਸੀਰ ਸਿੰਘ ਵਾ